# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 19:30

**ਮਿਤੀ :15-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਦੇਸ਼ ਅੱਜ ਆਪਣਾ 80ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਵਿੱਚ, ਲਾਲ ਕਿਲ੍ਹੇ ਦੀ ਫ਼ਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਪਿਛਲੇ 12 ਸਾਲਾਂ ਦੌਰਾਨ, ਕਰੋੜਾਂ ਨਾਗਰਿਕਾਂ ਦੇ ਦ੍ਰਿੜ੍ਹ ਸੰਕਲਪ, ਸਮਰਪਣ ਅਤੇ ਭਰਪੂਰ ਯਤਨਾਂ ਸਦਕਾ, ਦੇਸ਼ ਨੇ ਨਵੀਆਂ ਉਚਾਈਆਂ ਛੂਹੀਆਂ ਨੇ।

- ਇੰਡੋਨੇਸ਼ੀਆ ਵਿੱਚ ਆਏ ਸ਼ਕਤੀਸ਼ਾਲੀ ਭੂਚਾਲ ਵਿੱਚ, ਮਰਨ ਵਾਲਿਆਂ ਦੀ ਗਿਣਤੀ, 38 ਹੋ ਗਈ ਏ।

- FIH ਹਾਕੀ ਵਿਸ਼ਵ ਕੱਪ ਵਿੱਚ, ਅੱਜ ਭਾਰਤ ਨੇ ਗਰੁੱਪ-D ਦੇ ਇੱਕ ਮੈਚ ਵਿੱਚ, ਵੇਲਜ਼ ਨੂੰ 3-1 ਨਾਲ ਹਰਾ ਦਿੱਤਾ ਏ।

- ਕ੍ਰਿਕੇਟ ਵਿੱਚ, ਭਾਰਤ ਨੇ ਮੇਜ਼ਬਾਨ ਸ੍ਰੀਲੰਕਾ ਖਿਲਾਫ ਪਹਿਲੇ ਟੈਸਟ ਮੈਚ ਦੇ ਪਹਿਲੇ ਦਿਨ ਦੀ ਖੇਡ ਹੋਣ ਤੱਕ, ਆਪਣੀ ਪਹਿਲੀ ਪਾਰੀ ਵਿੱਚ, 2 ਵਿਕਟਾਂ ਦੇ ਨੁਕਸਾਨ 'ਤੇ 288 ਦੌੜਾਂ ਬਣਾ ਲਈਆਂ ਨੇ।

***ਹੁਣ ਖਬਰਾਂ ਵਿਸਥਾਰ ਨਾਲ***

ਦੇਸ਼ ਅੱਜ ਆਪਣਾ 80ਵਾਂ ਆਜ਼ਾਦੀ ਦਿਵਸ ਪੂਰੇ ਜੋਸ਼ੋ-ਖਰੋਸ਼ ਨਾਲ ਮਨਾ ਰਿਹਾ ਏ। ਇਸ ਮੌਕੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਵਿੱਚ, ਲਾਲ ਕਿਲ੍ਹੇ ਦੀ ਫ਼ਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕੀਤਾ। ਇਸ ਸਮਾਗਮ ਦੌਰਾਨ, ਪਹਿਲੀ ਵਾਰ ਰਾਸ਼ਟਰੀ ਗੀਤ 'ਵੰਦੇ ਮਾਤਰਮ' ਗਾਇਆ ਗਿਆ। ਇਸ ਸਾਲ ਦੇ ਜਸ਼ਨਾਂ ਵਿੱਚ, 2047 ਤੱਕ 'ਵਿਕਸਿਤ ਭਾਰਤ' ਦੇ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 12 ਸਾਲਾਂ ਦੌਰਾਨ, ਕਰੋੜਾਂ ਨਾਗਰਿਕਾਂ ਦੇ ਦ੍ਰਿੜ੍ਹ ਸੰਕਲਪ, ਸਮਰਪਣ ਅਤੇ ਭਰਪੂਰ ਯਤਨਾਂ ਸਦਕਾ, ਦੇਸ਼ ਨੇ ਨਵੀਆਂ ਉਚਾਈਆਂ ਛੂਹੀਆਂ ਨੇ। ਉਨ੍ਹਾਂ ਨੇ ਕਿਹਾ ਕਿ, ਜਿੱਥੇ

ਪਹਿਲਾਂ ਭਾਰਤ ਦੀ ਗਿਣਤੀ ਦੁਨੀਆ ਦੀਆਂ ਪੰਜ ਸਭ ਤੋਂ ਕਮਜ਼ੋਰ ਅਰਥਵਿਵਸਥਾਵਾਂ ਵਿੱਚ ਹੁੰਦੀ ਸੀ, ਉੱਥੇ ਹੀ ਹੁਣ ਇਹ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧਣ ਵਾਲੀ ਅਰਥਵਿਵਸਥਾ ਬਣ ਗਿਆ ਏ। ਸ਼੍ਰੀ ਮੋਦੀ ਨੇ ਦੱਸਿਆ ਕਿ ਇਨ੍ਹਾਂ ਯਤਨਾਂ ਸਦਕਾ, 25 ਕਰੋੜ ਲੋਕ ਗਰੀਬੀ ਤੋਂ ਬਾਹਰ ਆਏ ਨੇ। ਉਨ੍ਹਾਂ ਨੇ ਅੱਗੇ ਕਿਹਾ ਕਿ ਭਾਰਤ ਨੇ, ਸਾਲ 2047 ਤੱਕ, ਇੱਕ ਵਿਕਸਿਤ ਦੇਸ਼ ਬਣਨ ਦਾ ਵੱਡਾ ਟੀਚਾ ਮਿੱਥਿਆ ਏ।

**BYTE: PM 12 YEARS**

ਪ੍ਰਧਾਨ ਮੰਤਰੀ ਨੇ ਕਿਹਾ ਕਿ ਊਰਜਾ ਸੁਰੱਖਿਆ ਅੱਜ ਇੱਕ ਵੱਡੀ ਲੋੜ ਏ ਅਤੇ ਸਰਕਾਰ ਨੇ ਇਸ ਦਿਸ਼ਾ ਵਿੱਚ, ਕਈ ਮਹੱਤਵਪੂਰਨ ਕਦਮ ਚੁੱਕੇ ਨੇ। ਉਨ੍ਹਾਂ ਕਿਹਾ ਕਿ ਪ੍ਰਮਾਣੂ ਊਰਜਾ, ਦੇਸ਼ ਦੀ ਊਰਜਾ ਸੁਰੱਖਿਆ ਦਾ ਇੱਕ ਮਹੱਤਵਪੂਰਨ ਸਰੋਤ ਏ। ਸ੍ਰੀ ਮੋਦੀ ਨੇ ਕਿਹਾ ਕਿ ਸਰਕਾਰ, 2047 ਤੱਕ 100 ਗੀਗਾਵਾਟ ਪ੍ਰਮਾਣੂ ਊਰਜਾ ਸਮਰੱਥਾ ਹਾਸਿਲ ਕਰਨ ਵੱਲ ਵਧ ਰਹੀ ਏ। ਉਨ੍ਹਾਂ ਇਹ ਵੀ ਕਿਹਾ ਕਿ ਭਾਰਤ ਨੇ ਮੌਜੂਦਾ ਦਹਾਕੇ ਵਿੱਚ, ਪੰਜ ਨਵੇਂ ਪ੍ਰਮਾਣੂ ਰਿਐਕਟਰ ਚਾਲੂ ਕਰਨ ਦਾ ਟੀਚਾ ਰੱਖਿਆ ਏ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਅਗਲੇ ਸਾਲ ਇੱਕ ਕਰੋੜ ਨੌਜਵਾਨਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਵਿੱਚ ਸਿਖਲਾਈ ਦੇਣ ਦਾ ਫੈਸਲਾ ਕੀਤਾ ਏ। ਉਨ੍ਹਾਂ ਕਿਹਾ ਕਿ ਇਸ ਨਾਲ ਦੇਸ਼ ਨੂੰ A.I ਦੇ ਖੇਤਰ ਵਿੱਚ ਮੋਹਰੀ ਬਣਾਉਣ ਵਿੱਚ ਮਦਦ ਮਿਲੇਗੀ।

**BYTE: PM AI**

ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਨੂੰ ਲਾਗਤ, ਗੁਣਵੱਤਾ ਅਤੇ ਹੁਨਰ ਵੱਲ ਵਿਸ਼ੇਸ਼ ਧਿਆਨ ਦੇਣਾ ਹੋਏਗਾ।

ਸ਼੍ਰੀ ਮੋਦੀ ਨੇ ਐਲਾਨ ਕੀਤਾ ਕਿ, 15 ਸਾਲ ਤੋਂ ਘੱਟ ਉਮਰ ਦੇ ਪ੍ਰਤਿਭਾਸ਼ਾਲੀ ਬੱਚਿਆਂ ਦੀ ਪਛਾਣ ਕਰਨ ਲਈ, ਪਿੰਡਾਂ, ਸ਼ਹਿਰਾਂ ਅਤੇ ਸਕੂਲਾਂ ਵਿੱਚ, ਇੱਕ ਪ੍ਰਤਿਭਾ ਖੋਜ ਮੁਹਿੰਮ ਸ਼ੁਰੂ ਕੀਤੀ ਜਾਵੇਗੀ ਤੇ ਚੁਣੇ ਹੋਏ ਬੱਚਿਆਂ ਨੂੰ ਚੰਗੇ ਖਿਡਾਰੀ ਬਣਨ ਲਈ, ਸਿਖਲਾਈ ਦਿੱਤੀ ਜਾਵੇਗੀ।

**BYTE: PM SPORTS**

ਸ੍ਰੀ ਮੋਦੀ ਨੇ ਕਿਹਾ ਕਿ ਭਾਰਤ, ਖੇਡਾਂ ਦੀ ਦੁਨੀਆ ਵਿੱਚ ਆਪਣੀ ਪਛਾਣ ਬਣਾ ਰਿਹਾ ਏ ਅਤੇ 2030 ਵਿੱਚ ਰਾਸ਼ਟਰਮੰਡਲ ਖੇਡਾਂ ਦੀ ਮੇਜ਼ਬਾਨੀ ਕਰੇਗਾ।

ਪ੍ਰਧਾਨ ਮੰਤਰੀ ਨੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਦੇ ਬੱਚਿਆਂ ਨੂੰ ਪ੍ਰੀਖਿਆਵਾਂ ਲਈ ਮੁਫ਼ਤ ਔਨਲਾਈਨ ਪ੍ਰੀਖਿਆ ਕੋਚਿੰਗ ਦਾ ਐਲਾਨ ਕੀਤਾ।

**BYTE: PM COACHING**

ਸ੍ਰੀ ਮੋਦੀ ਨੇ ਅੱਗੇ ਕਿਹਾ ਕਿ, ਇਸ ਨਾਲ ਮੱਧ ਵਰਗੀ ਪਰਿਵਾਰਾਂ ਨੂੰ ਕੋਚਿੰਗ 'ਤੇ ਖਰਚ ਹੋਣ ਵਾਲੇ, ਕਰੋੜਾਂ ਰੁਪਏ ਦੀ ਬਚਤ ਹੋਵੇਗੀ।

ਪ੍ਰਧਾਨ ਮੰਤਰੀ ਨੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ, ਔਰਤਾਂ ਲਈ 33 ਫ਼ੀਸਦੀ ਰਾਖਵੇਂਕਰਨ ਲਈ ਸਮਰਥਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਔਰਤਾਂ ਦੇ

ਸਨਮਾਨ ਦਾ ਮਾਮਲਾ ਏ ਅਤੇ ਔਰਤਾਂ ਨੂੰ ਰਾਸ਼ਟਰੀ ਨੀਤੀ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਏ।

**BYTE: PM WOMEN**

ਪ੍ਰਧਾਨ ਮੰਤਰੀ ਨੇ ਕਿਹਾ ਕਿ ਅਗਲੇ ਸੱਤ ਤੋਂ ਅੱਠ ਸਾਲਾਂ ਵਿੱਚ, ਲਗਭਗ ਅੱਠ ਸੈਮੀਕੰਡਕਟਰ ਪਲਾਂਟ ਕਾਰਜਸ਼ੀਲ ਹੋ ਜਾਣਗੇ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ, ਇਸ ਸਮੇਂ ਤਿੰਨ ਸੈਮੀਕੰਡਕਟਰ ਪਲਾਂਟਾਂ ਵਿੱਚ ਸੈਮੀਕੰਡਕਟਰ ਤਿਆਰ ਹੋ ਰਹੇ ਨੇ ਅਤੇ ਇਸ ਖੇਤਰ ਵਿੱਚ ਭਾਰਤ ਦੀ ਤਰੱਕੀ ਤਕਨੀਕੀ ਆਤਮ-ਨਿਰਭਰਤਾ ਨੂੰ ਦਰਸਾਉਂਦੀ ਏ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ, ਰੇਲਵੇ ਬਿਜਲੀਕਰਨ ਵਿੱਚ ਤੇਜ਼ੀ ਨਾਲ ਪ੍ਰਗਤੀ ਹੋਈ ਏ. 1925 ਤੋਂ 2015 ਤੱਕ, ਰੇਲ ਨੈੱਟਵਰਕ ਦੇ ਸਿਰਫ਼ 30 ਫ਼ੀਸਦੀ ਹਿੱਸੇ ਦਾ ਬਿਜਲੀਕਰਨ ਹੋਇਆ ਸੀ, ਪਰ ਪਿਛਲੇ 10 ਸਾਲਾਂ ਵਿੱਚ, ਇਹ 100 ਫ਼ੀਸਦੀ ਤੱਕ ਵਧ ਗਈ ਏ।

-------------------------------------------------------------

ਪੰਜਾਬ ਵਿੱਚ ਵੀ ਸੁਤੰਤਰਤਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਮੁੱਖ ਸਮਾਰੋਹ ਫਿਰੋਜ਼ਪੁਰ ਵਿੱਚ ਹੋਇਆ, ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਸ਼ਟਰੀ ਝੰਡਾ ਫਹਿਰਾਇਆ ਅਤੇ ਪਰੇਡ ਤੋਂ ਸਲਾਮੀ ਲਈ। ਰਾਸ਼ਟਰੀ ਗੀਤ 'ਵੰਦੇ ਮਾਤਰਮ' ਤੇ ਰਾਸ਼ਟਰ

ਗਾਨ ਗਾਇਆ ਗਿਆ। ਉਨ੍ਹਾਂ ਨੇ BSF, ਪੰਜਾਬ ਪੁਲਿਸ, ਪੰਜਾਬ ਆਰਮਡ ਪੁਲਿਸ, ਹੋਮ ਗਾਰਡਜ਼ ਅਤੇ NCC ਕੈਡਿਟਾਂ ਦੇ ਸੁਰੱਖਿਆ ਮੁਲਾਜ਼ਮਾਂ 'ਤੇ ਆਧਾਰਿਤ ਪਰੇਡ ਦਾ ਨਿਰੀਖਣ ਕੀਤਾ।

**ਪੇਸ਼ ਏ ਇੱਕ ਰਿਪੋਰਟ** :

*ਇਸ ਤੋਂ ਪਹਿਲਾਂ, ਮੁੱਖ ਮੰਤਰੀ ਨੇ ਫਿਰੋਜ਼ਪੁਰ ਦੇ ਹੁਸੈਨੀਵਾਲਾ ਵਿਖੇ, ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸਮਾਧੀ ਸਥਲ ਦਾ ਦੌਰਾ ਕੀਤਾ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਰਾਜ ਅਤੇ ਦੇਸ਼ ਦੇ ਲੋਕਾਂ ਨੂੰ ਵਧਾਈ ਦਿੰਦਿਆਂ, ਸ੍ਰੀ ਮਾਨ ਨੇ ਉਨ੍ਹਾਂ ਸਾਰੇ ਸ਼ਹੀਦਾਂ ਅਤੇ ਸੈਨਿਕਾਂ ਨੂੰ ਯਾਦ ਕੀਤਾ, ਜਿਨ੍ਹਾਂ ਨੇ ਆਜ਼ਾਦੀ ਦੇ ਸੰਘਰਸ਼ ਦੌਰਾਨ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦਿਆਂ, ਆਪਣੀਆਂ ਜਾਨਾਂ ਕੁਰਬਾਨ ਕੀਤੀਆਂ।*

*BYTE*

*ਅੰਮ੍ਰਿਤਸਰ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਮਸ਼ਹੂਰ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ 'ਤੇ ਵੀ ਸੁਤੰਤਰਤਾ ਦਿਵਸ ਮਨਾਇਆ ਗਿਆ। ਬੀ.ਐੱਸ.ਐੱਫ. ਦੇ ਡਿਪਟੀ ਇੰਸਪੈਕਟਰ ਜਨਰਲ, S.S. ਚੰਦੇਲ ਨੇ ਰਾਸ਼ਟਰੀ ਝੰਡਾ ਫਹਿਰਾਇਆ ਅਤੇ ਸਰਹੱਦ ਦੇ ਜਵਾਨਾਂ ਤੋਂ ਸਲਾਮੀ ਲਈ। ਉਨ੍ਹਾਂ ਕਿਹਾ ਕਿ ਇਹ ਬਲ, ਭਾਰਤ ਦੀਆਂ ਸਰਹੱਦਾਂ ਦੀ ਰਾਖੀ ਲਈ, ਕਿਸੇ ਵੀ ਸਥਿਤੀ ਦਾ ਸਾਹਮਣਾ ਕਰਨ ਵਾਸਤੇ ਹਮੇਸ਼ਾ ਤਿਆਰ ਏ।*

*ਰਾਜੇਸ਼ ਬਾਲੀ, ਆਕਾਸ਼ਵਾਣੀ ਖਬਰਾਂ ਜਲੰਧਰ*

---------------------------------------------------

ਇੰਡੋਨੇਸ਼ੀਆ ਵਿੱਚ ਫਲੋਰੇਸ ਟਾਪੂ 'ਚ ਅੱਜ 7.7 ਤੀਬਰਤਾ ਦਾ ਜ਼ਬਰਦਸਤ ਭੂਚਾਲ ਆਇਆ। ਇਸ ਘਟਨਾ ਵਿੱਚ ਮਰਨ ਵਾਲਿਆਂ ਦੀ ਗਿਣਤੀ ਵਧ ਕੇ, 38 ਹੋ ਗਈ ਏ। ਬਚਾਅ ਦਲ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਲੋਕਾਂ ਤੱਕ ਪਹੁੰਚਣ ਲਈ ਰਾਹਤ ਅਤੇ ਬਚਾਅ ਕਾਰਜ ਚਲਾ ਰਹੇ ਨੇ।

---------------------------------------------------

FIH ਹਾਕੀ ਵਿਸ਼ਵ ਕੱਪ ਵਿੱਚ, ਅੱਜ ਨੀਦਰਲੈਂਡ ਦੇ Amstelveen ਵਿੱਚ, ਗਰੁੱਪ-ਡੀ ਦੇ ਇੱਕ ਮੈਚ ਵਿੱਚ, ਭਾਰਤ ਨੇ ਵੇਲਜ਼ ਨੂੰ 3-1 ਨਾਲ ਹਰਾ ਦਿੱਤਾ ਏ।

ਭਾਰਤ ਦੇ ਕਪਤਾਨ ਹਰਮਨਪ੍ਰੀਤ ਸਿੰਘ ਨੇ ਦੋ ਗੋਲ ਕੀਤੇ, ਜਦਕਿ ਤੀਜਾ ਗੋਲ ਸੰਜੇ ਰਾਣਾ ਨੇ ਕੀਤਾ।

---------------------------------------------------

ਕ੍ਰਿਕੇਟ ਵਿੱਚ, ਭਾਰਤ ਨੇ ਮੇਜ਼ਬਾਨ ਸ੍ਰੀਲੰਕਾ ਵਿਰੁੱਧ Galle ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ 'ਚ ਖੇਡੇ ਜਾ ਰਹੇ ਪਹਿਲੇ ਟੈਸਟ ਮੈਚ ਦੇ ਪਹਿਲੇ ਦਿਨ ਦੀ ਖੇਡ ਹੋਣ ਤੱਕ, ਆਪਣੀ ਪਹਿਲੀ ਪਾਰੀ ਵਿੱਚ, 2 ਵਿਕਟਾਂ ਦੇ ਨੁਕਸਾਨ 'ਤੇ 288 ਦੌੜਾਂ ਬਣਾ ਲਈਆਂ ਨੇ।

ਭਾਰਤ ਨੇ ਟਾਸ ਜਿੱਤ ਕੇ, ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ ਏ।

---

ਸਰਕਾਰ ਨੇ ਕਿਹਾ ਏ ਕਿ ਸੋਸ਼ਲ ਮੀਡੀਆ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਆਜ਼ਾਦੀ ਦਿਵਸ ਮੌਕੇ, 5 ਹਜ਼ਾਰ ਰੁਪਏ ਦੀ ਨਕਦ ਗ੍ਰਾਂਟ ਦੇਣ ਅਤੇ ਉਪਭੋਗਤਾਵਾਂ ਤੋਂ ਉਨ੍ਹਾਂ ਦੇ ਬੈਂਕ ਖਾਤੇ ਦੇ ਵੇਰਵੇ ਮੰਗੇ ਜਾਣ ਦਾ ਦਾਅਵਾ ਫਰਜ਼ੀ ਏ. PIB ਦੀ ਫੈਕਟ ਚੈੱਕ ਇਕਾਈ ਨੇ ਸਪੱਸ਼ਟ ਕੀਤਾ ਏ ਕਿ ਪ੍ਰਧਾਨ ਮੰਤਰੀ ਨੇ ਅਜਿਹੀ ਕੋਈ ਨਕਦ ਸਹਾਇਤਾ ਯੋਜਨਾ ਦਾ ਐਲਾਨ ਨਹੀਂ ਕੀਤਾ ਏ।

PIB ਨੇ ਕਿਹਾ ਏ ਕਿ, ਅਜਿਹੇ ਸੰਦੇਸ਼ਾਂ ਦਾ ਮਕਸਦ, ਅਕਸਰ ਆਮ ਲੋਕਾਂ ਦੀ ਨਿੱਜੀ ਅਤੇ ਵਿੱਤੀ ਜਾਣਕਾਰੀ ਇਕੱਠੀ ਕਰਨਾ ਹੁੰਦਾ ਏ।

---

- ਦੇਸ਼ ਅੱਜ ਆਪਣਾ 80ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਵਿੱਚ, ਲਾਲ ਕਿਲ੍ਹੇ ਦੀ ਫ਼ਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਪਿਛਲੇ 12 ਸਾਲਾਂ ਦੌਰਾਨ, ਕਰੋੜਾਂ ਨਾਗਰਿਕਾਂ ਦੇ ਦ੍ਰਿੜ੍ਹ ਸੰਕਲਪ,

ਸਮਰਪਣ ਅਤੇ ਭਰਪੂਰ ਯਤਨਾਂ ਸਦਕਾ, ਦੇਸ਼ ਨੇ ਨਵੀਆਂ ਉਚਾਈਆਂ ਛੂਹੀਆਂ ਨੇ।

- ਇੰਡੋਨੇਸ਼ੀਆ ਵਿੱਚ ਆਏ ਸ਼ਕਤੀਸ਼ਾਲੀ ਭੂਚਾਲ ਵਿੱਚ, ਮਰਨ ਵਾਲਿਆਂ ਦੀ ਗਿਣਤੀ, 38 ਹੋ ਗਈ ਏ।

- FIH ਹਾਕੀ ਵਿਸ਼ਵ ਕੱਪ ਵਿੱਚ, ਅੱਜ ਭਾਰਤ ਨੇ ਗਰੁੱਪ-D ਦੇ ਇੱਕ ਮੈਚ ਵਿੱਚ, ਵੇਲਜ਼ ਨੂੰ 3-1 ਨਾਲ ਹਰਾ ਦਿੱਤਾ ਏ।

- ਕ੍ਰਿਕੇਟ ਵਿੱਚ, ਭਾਰਤ ਨੇ ਮੇਜ਼ਬਾਨ ਸ੍ਰੀਲੰਕਾ ਖਿਲਾਫ ਪਹਿਲੇ ਟੈਸਟ ਮੈਚ ਦੇ ਪਹਿਲੇ ਦਿਨ ਦੀ ਖੇਡ ਹੋਣ ਤੱਕ, ਆਪਣੀ ਪਹਿਲੀ ਪਾਰੀ ਵਿੱਚ, 2 ਵਿਕਟਾਂ ਦੇ ਨੁਕਸਾਨ 'ਤੇ 288 ਦੌੜਾਂ ਬਣਾ ਲਈਆਂ ਨੇ।

---------------------------------------------------------

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਬੁਲੇਟਿਨ ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**